19-OCT-SNG-Pages.qxd 10/19/2025 10:47 PM Page 3

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **20 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼** ਤੇ **21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ **ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਜਥੇਬੰਦੀ ਦੇ ਚੁਣੇ ਗਏ ਅਹੁਦੇਦਾਰ। ਤਸਵੀਰ : ਅਸ਼ੋਕ ਗਰਗ

ਪਰਾਲੀ ਦੀ ਸਾਂਭ ਸੰਭਾਲ ਲਈ ਸੁਪਰੀਮ ਕੋਰਟ ਦੇ ਹੁਕਮਾਂ ਤਹਿਤ ਕਿਸਾਨਾਂ ਨੂੰ ਬੋਨਸ ਦੇਵੇ ਸਰਕਾਰ - ਜਲੂਰ

ਲਹਿਰਾਗਾਗਾ, 19 ਅਕਤੂਬਰ (ਗਰਗ) - ਭਾਰਤੀ ਕਿਸਾਨ ਯੂਨੀਅਨ ਏਕਤਾ ਸਿੱਧੂਪੁਰ ਵਲੋਂ ਕਿਸਾਨੀ ਮੰਗਾਂ ਲਈ ਕੀਤੇ ਜਾ ਰਹੇ ਸੰਘਰਸ਼ ਨੂੰ ਵੇਖਦਿਆਂ ਪਿੰਡ ਖਾਈ ਦੇ ਕਿਸਾਨਾਂ ਵਲੋਂ ਯੂਨੀਅਨ ਦੀ ਇਕਾਈ ਦਾ ਗਠਨ ਕਰਨ ਲਈ ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਇਕੱਠ ਕੀਤਾ ਗਿਆ, ਜਿਸ ਵਿਚ ਵੱਡੀ ਗਿਣਤੀ 'ਚ ਪਿੰਡ ਦੇ ਕਿਸਾਨਾਂ ਤੋਂ ਇਲਾਵਾ ਬੀਕੇਯੂ ਏਕਤਾ ਸਿੱਧੂਪੁਰ ਦੇ ਬਲਾਕ ਲਹਿਰਾਗਾਗਾ ਦੇ ਜਨਰਲ ਸਕੱਤਰ ਰਾਮਫਲ ਸਿੰਘ ਜਲੂਰ ਤੇ ਪ੍ਰੈੱਸ ਸਕੱਤਰ ਜਤਿੰਦਰ ਸਿੰਘ ਜਲੂਰ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਪਿੰਡ ਦੇ ਕਿਸਾਨਾਂ ਵਲੋਂ ਸਰਬਸੰਮਤੀ ਨਾਲ 36 ਮੈਂਬਰੀ ਕਮੇਟੀ ਦਾ ਗਠਨ ਕਰਦਿਆਂ ਗੁਰਚਰਨ ਸਿੰਘ ਨੂੰ ਪ੍ਰਧਾਨ, ਨਿਰਮਲ ਸਿੰਘ ਜਨਰਲ ਸਕੱਤਰ, ਦਰਸ਼ਨ ਸਿੰਘ ਟਿਵਾਣਾ ਖ਼ਜ਼ਾਨਚੀ , ਸੀਨੀਅਰ ਮੀਤ ਪ੍ਰਧਾਨ ਲਾਲ ਸਿੰਘ , ਮੀਤ ਪ੍ਰਧਾਨ ਬਲਬੀਰ ਸਿੰਘ, ਨੈਬ ਸਿੰਘ, ਬਰਤਿੰਦਰ ਸਿੰਘ, ਸੁਖਜੀਤ ਸਿੰਘ ਸਲਾਹਕਾਰ ਤੇ ਗੁਰਤੇਜ ਸਿੰਘ ਨੂੰ ਜਥੇਬੰਦਕ ਸਕੱਤਰ ਨਿਯੁਕਤ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦਿਆਂ ਬਲਾਕ ਆਗੂ ਰਾਮਫਲ ਸਿੰਘ ਜਲੂਰ ਤੇ ਜਤਿੰਦਰ ਸਿੰਘ ਜਲੂਰ ਨੇ ਕਿਹਾ ਕਿ ਹੜ੍ਹਾਂ ਦੌਰਾਨ ਖ਼ਰਾਬ ਹੋਈਆਂ ਫ਼ਸਲਾਂ ਤੇ ਮਕਾਨਾਂ, ਪਸ਼ੂਆਂ ਆਦਿ ਦੇ ਨੁਕਸਾਨ ਦੀ ਪੂਰਤੀ ਲਈ ਸਰਕਾਰ ਵਲੋਂ ਦਿੱਤਾ ਜਾ ਰਿਹਾ ਮੁਆਵਜ਼ਾ ਬਹੁਤ ਘੱਟ ਹੈ ਜਦਕਿ ਕਿਸਾਨਾਂ ਦਾ ਕਰੀਬ 80 ਹਾਜਾਰ ਤੋਂ ਲੱਖ ਰੁਪਏ ਤੱਕ ਪ੍ਰਤੀ ਏਕੜ ਦਾ ਨੁਕਸਾਨ ਹੋਇਆ ਹੈ। ਉਨ੍ਹਾਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣਾ ਕਿਸਾਨਾਂ ਦਾ ਸ਼ੌਕ ਨਹੀਂ ਬਲਕਿ ਮਜਬੂਰੀ ਹੈ ਕਿਉਂਕਿ ਸਰਕਾਰ ਪਰਾਲੀ ਦੀ ਸਾਂਭ ਸੰਭਾਲ ਲਈ ਕਿਸਾਨਾਂ ਨੂੰ ਸੁਪਰੀਮ ਕੋਰਟ ਦੇ ਫ਼ੈਸਲੇ ਮੁਤਾਬਿਕ 100 ਰੁਪਏ ਪ੍ਰਤੀ ਕੁਇੰਟਲ ਬੋਨਸ ਦੇਣ ਅਤੇ ਛੋਟੇ ਕਿਸਾਨਾਂ ਨੂੰ ਮੁਫ਼ਤ ਮਸ਼ੀਨਰੀ ਮੁਹੱਈਆ ਕਰਾਉਣ ਚ ਫ਼ੇਲ੍ਹ ਸਾਬਤ ਹੋਈ ਹੈ ਤੇ ਜੇਕਰ ਪ੍ਰਸ਼ਾਸਨ ਉਨ੍ਹਾਂ ਕਿਸਾਨਾਂ ਨੂੰ ਤੰਗ ਪ੍ਰੇਸ਼ਾਨ ਕਰਦਾ ਹੈ ਤਾਂ ਉਨ੍ਹਾਂ ਦਾ ਸਾਥ ਦੇਣਾ ਸਾਡੀ ਜਥੇਬੰਦੀ ਦੀ ਜ਼ਿੰਮੇਵਾਰੀ ਬਣ ਜਾਂਦੀ ਹੈ । ਇਸ ਮੌਕੇ ਰਣਧੀਰ ਸਿੰਘ, ਸਮਿੰਦਰਦੀਪ ਸਿੰਘ, ਮਨਜੀਤ ਸਿੰਘ, ਹਰਪ੍ਰੀਤ ਸਿੰਘ, ਜਗਸੀਰ ਸਿੰਘ, ਗੁਰਤੇਜ ਸਿੰਘ, ਨੰਬਰਦਾਰ ਕੁਲਵਿੰਦਰ ਸਿੰਘ, ਬੇਅੰਤ ਸਿੰਘ, ਕੁਲਦੀਪ ਸਿੰਘ, ਰਾਮਪਾਲ ਸਿੰਘ, ਸੁਖਵਿੰਦਰ ਸਿੰਘ, ਸਤਿਗੁਰ ਸਿੰਘ, ਮੇਜਰ ਸਿੰਘ, ਹਰਭਜਨ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ, ਲਾਡੀ ਸਿੰਘ, ਗੁਰਪ੍ਰੀਤ ਸਿੰਘ, ਬਿੰਦਰ ਸਿੰਘ, ਗਗਨਦੀਪ ਸਿੰਘ, ਸੰਸਾਰ ਸਿੰਘ, ਧੰਨ ਸਿੰਘ, ਰਮੇਸ਼ਰ ਸਿੰਘ, ਹਰੀ ਸਿੰਘ, ਗੁਰਤਾਰ ਸਿੰਘ, ਜਸਪ੍ਰੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਕਿਸਾਨ ਹਾਜ਼ਰ ਸਨ।

ਸਵ. ਮਾਤਾ ਸਨੇਹ ਲਤਾ ਨਮਿਤ ਸ਼ਰਧਾਂਜਲੀ ਸਮਾਗਮ ਹੋਇਆ

ਲੌਂਗੋਵਾਲ, 19 ਅਕਤੂਬਰ (ਸ.ਸ.ਖੰਨਾ, ਵਿਨੋਦ) - ਉੱਘੇ ਸਾਹਿਤਕਾਰ ਮਾਸਟਰ ਭਰਗਾਨੰਦ ਸ਼ਰਮਾ ਦੇ ਧਰਮ-ਪਤਨੀ ਸਨੇਹ ਲਤਾ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਗਰੁੜ ਪੁਰਾਣ ਦੇ ਪਾਠ ਦੇ ਭੋਗ ਸ਼ਾਂਤੀ ਹਾਲ ਲੌਂਗੋਵਾਲ ਵਿਖੇ ਪਾਏ ਗਏ। ਉਪਰੰਤ ਸ਼ਰਧਾਂਜਲੀ ਸਮਾਗਮ ਮੌਕੇ ਵੱਖ-ਵੱਖ ਰਾਜਨੀਤਿਕ, ਧਾਰਮਿਕ, ਮੁਲਾਜ਼ਮ ਤੇ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਨੇ ਮਾਤਾ ਸਨੇਹ ਲਤਾ ਨੂੰ ਸ਼ਰਧਾਂਜਲੀ ਭੇਟ ਕੀਤੀ। ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ ਨੇ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਰਾਸ਼ਟਰਪਤੀ ਪੁਰਸਕਾਰ ਪ੍ਰਾਪਤ ਮਹਾਨ ਵਿਦਵਾਨ ਪੰਡਿਤ ਕਾਂਸ਼ੀ ਰਾਮ ਲੌਂਗੋਵਾਲ ਦੇ ਪਰਿਵਾਰ ਵਿਚ ਉੱਘੇ ਸਾਹਿਤਕਾਰ ਭਰਗਾ ਨੰਦ ਦੀ ਪਤਨੀ ਸਨੇਹ ਲਤਾ ਰੌਸ਼ਨ ਦਿਮਾਗ਼ ਔਰਤ ਸਨ। ਕੈਂਸਰ ਦੀ ਨਾ ਮੁਰਾਦ ਬਿਮਾਰੀ ਨਾਲ ਜੂਝਦਿਆਂ ਵੀ ਉਨ੍ਹਾਂ ਦੀ ਅਗਵਾਈ ਹੇਠ ਇਹ ਪਰਿਵਾਰ ਸਮਾਜਿਕ ਅਤੇ ਰਾਜਨੀਤਕ ਗਤੀਵਿਧੀਆਂ ਵਿਚ ਹਿੱਸਾ ਲੈਂਦਾ ਰਿਹਾ। ਇਸ ਤੋਂ ਪਹਿਲਾਂ ਹੋਣਹਾਰ ਸਪੁੱਤਰ ਵਿਜੇ ਭਾਸਕਰ ਡਾਇਰੈਕਟਰ ਯੁਵਕ ਸੇਵਾਵਾਂ ਵਿਭਾਗ ਪੰਜਾਬ ਦੀ ਮੌਤ ਦਾ ਦੁੱਖ ਨਹੀਂ ਭੁੱਲਿਆ ਸੀ ਪਰ ਅੱਜ ਮਾਤਾ ਸਨੇਹ ਲਤਾ ਦੇ ਜਾਣ ਦੇ ਨਾਲ ਇਸ ਪਰਿਵਾਰ ਉੱਪਰ ਦੁੱਖਾਂ ਦਾ ਪਹਾੜ ਫਿਰ ਤੋਂ ਆਣ ਡਿੱਗਾ ਹੈ। ਇਸ ਮੌਕੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਕਾਂਗਰਸੀ ਆਗੂ ਰਜਿੰਦਰ ਦੀਪਾ, ਅਮਨਵੀਰ ਸਿੰਘ ਚੈਰੀ, ਚੇਅਰਮੈਨ ਜੀਤ ਸਿੰਘ ਸਿੱਧੂ, ਸਰਕਲ ਪ੍ਰਧਾਨ ਸੁਖਵਿੰਦਰ ਸਿੰਘ ਚਹਿਲ, ਸੂਬਾ ਡੈਲੀਗੇਟ ਗੁਰਮੀਤ ਸਿੰਘ ਲੱਲੀ, ਵਰਿੰਦਰਪਾਲ ਸਿੰਘ ਟੀਟੂ, ਐਡਵੋਕੇਟ ਗੁਰਤੇਗ ਸਿੰਘ, ਭਾਈ ਮਹਿੰਦਰ ਸਿੰਘ ਦੁਲਟ, ਜਗਜੀਤ ਸਿੰਘ ਜੱਗਾ ਸਾਬਕਾ ਮੈਨੇਜਰ ਮਾਰਕਫੈਡ, ਮੀਤ ਪ੍ਰਧਾਨ ਰਣਜੀਤ ਸਿੰਘ ਕੂਕਾ, ਇੰਸਪੈਕਟਰ ਗੁਰਮੀਤ ਸਿੰਘ ਸਿੱਧੂ, ਲਾਡੀ ਕੁਲਾਰ, ਧਰਮ ਚੰਦਰ ਬਠਿੰਡਾ, ਮਾਸਟਰ ਨਰਿੰਦਰਪਾਲ ਸ਼ਰਮਾ, ਲਖਵਿੰਦਰ ਸ਼ਰਮਾ ਬਰਨਾਲਾ, ਰਣਜੀਤ ਸਿੰਘ ਢਿੱਲੋਂ ਸੁਖਵਿੰਦਰ ਪਾਲ ਸੁਖੀ, ਡਾ. ਹਰਵਿੰਦਰ ਸਿੰਘ ਸਰਾਓ, ਸ਼ੈਲੂ ਸਿੰਗਲਾ, ਪਰਮਜੀਤ ਸਿੰਘ ਜੱਸੇਕਾ, ਡਾ. ਮਨੀਸ਼ ਵਸਿਸ਼ਟ ਸ਼ਾਲੂ, ਮੈਡਮ ਸਤਵੀਰ ਕੌਰ, ਮੈਡਮ ਗੁਰਮੇਲ ਕੌਰ, ਮਾਸਟਰ ਗੁਰਵਿੰਦਰ ਸਿੰਘ ਸੁਖਵਿੰਦਰ ਸਿੰਘ ਸਿੱਧੂ, ਹਰਦੀਪ ਸਿੰਘ ਖਹਿਰਾ, ਸਰਪੰਚ ਪਰਮਜੀਤ ਸਿੰਘ ਪੰਮਾ, ਸੁਸਾਇਟੀ ਪ੍ਰਧਾਨ ਪਰਮਜੀਤ ਸਿੰਘ ਭੋਲਾ, ਸ਼ਹਿਰੀ ਪ੍ਰਧਾਨ ਵਿਜੇ ਗੋਇਲ, ਜੋਰਾ ਸਿੰਘ ਵਾਲੀਆ, ਹਰਜੀਤ ਸ਼ਰਮਾ ਸਾਬਕਾ ਡਿਪਟੀ ਸਿੱਖਿਆ ਅਫਸਰ, ਡਾ. ਮਾਲਵਿੰਦਰ ਸਿੰਘ ਮਾਲੀ, ਬਚਿੱਤਰ ਸਿੰਘ ਮੱਟ, ਅਮਨ ਸ਼ਰਮਾ, ਡਾ. ਰਿੰਕੂ ਸ਼ਰਮਾ, ਐਸਡੀਓ ਨਵਦੀਪ ਗਰਗ, ਕਮਲ ਬਰਾੜ, ਸਰਬਜੀਤ ਸਿੰਘ ਸਲਾਈਟ, ਕਰਮਜੀਤ ਸਿੰਘ ਕਾਕਾ ਰੰਧਾਵਾ, ਜੀਤ ਸਿੰਘ, ਜਸਵਿੰਦਰ ਸਿੰਘ ਦੁਲਟ ਸਾਬਕਾ ਸੁਸਾਇਟੀ ਮੀਤ ਪ੍ਰਧਾਨ, ਕਾਨੂੰਗੋ ਗੁਰਜੀਤ ਸਿੰਘ ਦੁੱਲਟ, ਜਥੇਦਾਰ ਅਵਤਾਰ ਸਿੰਘ ਦੁਲੱਟ, ਸੈਕਟਰੀ ਅਮਨਦੀਪ ਸਿੰਘ ਚਹਿਲ, ਨਿਰਮਲ ਮੰਗਲਾ, ਢਾਡੀ ਮਲਕੀਤ ਸਿੰਘ ਲੌਂਗੋਵਾਲ, ਅੰਮ੍ਰਿਤ ਸਿੰਘ ਅਮੀ, ਜਸਵਿੰਦਰ ਸਿੰਘ ਲਿਬੜਾ, ਨੰਬਰਦਾਰ ਜਸਵਿੰਦਰ ਸਿੰਘ ਨੱਪੀ, ਪ੍ਰਧਾਨ ਗੁਰਜੰਟ ਸਿੰਘ, ਸੂਬੇਦਾਰ ਮੇਲਾ ਸਿੰਘ, ਕੌਂਸਲਰ ਬਲਵਿੰਦਰ ਸਿੰਘ ਕਾਲਾ, ਕੌਂਸਲਰ ਜਗਜੀਤ ਸਿੰਘ ਕਾਲਾ, ਨੰਬਰਦਾਰ ਅਵਤਾਰ ਸਿੰਘ ਬਲਿਹਾਰੀ, ਵਿਸ਼ਪਿੰਦਰ ਸਿੰਘ ਵਿਸ਼ਾਲ, ਨੰਬਰਦਾਰ ਰੁਪਿੰਦਰ ਸਿੰਘ, ਬਾਬਾ ਕੁਲਵੰਤ ਸਿੰਘ,ਰਾਜ ਕੁਮਾਰ,ਜਸਵੀਰ ਸਿੰਘ ਗੋਰਾ, ਜੱਸੀ ਲੌਂਗੋਵਾਲੀਆ, ਸ਼ਮੀ ਬਰਾੜ, ਅਮਰਜੀਤ ਸਿੰਘ ਗਿੱਲ, ਕਾਲਾ ਰਾਮ ਮਿੱਤਲ, ਸੇਠ ਭੀਮ ਸੈਨ, ਬਬਲੂ ਵਾਲੀਆ, ਸੁਰਜੀਤ ਸਿੰਘ ਮੱਸੇਕਾ, ਪਰਵਿੰਦਰ ਸਿੰਘ ਸੇਖਾ, ਅੰਮ੍ਰਿਤਪਾਲ ਸਿੰਗਲਾ, ਕੁਲਦੀਪ ਸਿੰਘ ਦੂਲੋ, ਅਮਰਜੀਤ ਸਿੰਘ ਜੈਦ ਦਰਸ਼ਨ ਸਿੰਘ ਪੀਏ ਆਦਿ ਹਾਜ਼ਰ ਸਨ।

ਸਵ. ਮਾਤਾ ਸਨੇਹ ਲਤਾ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਭਾਈ ਗੋਬਿੰਦ ਸਿੰਘ ਲੌਂਗੋਵਾਲ। ਅਜੀਤ ਤਸਵੀਰ

ਬਿਨਾਂ ਬਿੱਲ ਸਾਮਾਨ ਦੀ ਵਿਕਰੀ ਕਰਨ ਵਾਲਿਆਂ ਖ਼ਿਲਾਫ਼ ਹੋਵੇਗੀ ਸਖ਼ਤ ਕਾਰਵਾਈ - ਚੀਮਾ

ਛਾਜਲੀ, 19 ਅਕਤੂਬਰ (ਅਜਾਇਬ ਸਿੰਘ ਨੀਲੋਵਾਲ) - ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਬਿਨਾਂ ਜੀਐਸਟੀ ਬਿਲ ਵਾਲੀ ਵਿਕਰੀ ਖਿਲਾਫ ਸਖ਼ਤ ਕਾਰਵਾਈ ਦਾ ਸਪਸ਼ਟ ਸੁਨੇਹਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਜੋ ਵੀ ਵਪਾਰੀ ਬਗੈਰ ਜੀਐਸਟੀ ਬਿਲ ਦੇ ਵਸਤੂਆਂ ਵੇਚੇਗਾ, ਉਸ ਖਿਲਾਫ ਤੁਰੰਤ ਅਤੇ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਮੰਤਰੀ ਨੇ ਜ਼ੋਰ ਦੇ ਕੇ ਕਿਹਾ, "ਸਿਰਫ਼ ਟੈਕਸ ਦੇਣ ਵਾਲਿਆਂ ਦੀ ਹੀ ਸੁਰੱਖਿਆ ਨਹੀਂ, ਸਗੋਂ ਪੂਰੀ ਆਰਥਿਕ ਪ੍ਰਣਾਲੀ ਦੀ ਪਾਰਦਰਸ਼ਤਾ ਲਈ ਇਹ ਜਰੂਰੀ ਹੈ। ਲੋਕਾਂ ਨੂੰ ਵੀ ਅਪੀਲ ਹੈ ਕਿ ਖਰੀਦਦਾਰੀ ਦੌਰਾਨ ਹਮੇਸ਼ਾ ਜੀਐਸਟੀ ਬਿਲ ਲੈਣ ਤੇ ਦੁਕਾਨਦਾਰਾਂ ਤੋਂ ਮੰਗ ਕਰਨ। ਉਨ੍ਹਾਂ ਨੇ ਇਹ ਵੀ ਨਿਰਧਾਰਿਤ ਕੀਤਾ ਕਿ ਹਰ ਜ਼ਿਲ੍ਹੇ ਵਿੱਚ ਨਿਗਰਾਨੀ ਵਧਾਈ ਜਾ ਰਹੀ ਹੈ ਅਤੇ ਮਾਮਲੇ ਧਿਆਨ ਵਿਚ ਆਉਣ 'ਤੇ ਦੁਕਾਨਦਾਰਾਂ ਨੂੰ ਜੁਰਮਾਨਾ ਅਤੇ ਲਾਇਸੈਂਸ ਰੱਦ ਕਰਨ ਸਮੇਤ ਹੋਰ ਕਦਮਾਂ ਦਾ ਸਾਹਮਣਾ ਕਰਨਾ ਪਵੇਗਾ।ਚੀਮਾ ਨੇ ਵਪਾਰੀਆਂ ਨੂੰ ਸਾਵਧਾਨ ਕਰਨ ਦੇ ਨਾਲ-ਨਾਲ ਗਾਹਕਾਂ ਨੂੰ ਵੀ ਸਤਰਕ ਕੀਤਾ ਕਿ ਜੀ.ਐਸ.ਟੀ ਬਿਲ ਬਿਨਾਂ ਖਰੀਦਦਾਰੀ ਨਾ ਕੀਤੀ ਜਾਵੇ, ਤਾਂ ਜੋ ਆਰਥਿਕ ਪਾਰਦਰਸ਼ਤਾ ਅਤੇ ਸੁਰੱਖਿਆ ਯਕੀਨੀ ਬਣਾਈ ਜਾ ਸਕੇ।

ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ ਸਰਕਾਰ।

ਨੌਜਵਾਨਾਂ ਨੇ ਫੌਗਿੰਗ ਕਰਨ ਦਾ ਬੀੜਾ ਚੁੱਕਿਆ

ਸ਼ੇਰਪੁਰ, 19 ਅਕਤੂਬਰ (ਦਰਸ਼ਨ ਸਿੰਘ ਖੇੜੀ) - ਕਸਬਾ ਸ਼ੇਰਪੁਰ ਅੰਦਰ ਇਕ ਵਾਰ ਫਿਰ ਬੁਖ਼ਾਰ ਅਤੇ ਸੈੱਲ ਘਟਣ ਦੀ ਨਾਮੁਰਾਦ ਬਿਮਾਰੀ ਨੇ ਆਪਣੇ ਪੈਰ ਪਸਾਰਨੇ ਸ਼ੁਰੂ ਕਰ ਦਿੱਤੇ ਹਨ। ਆਮ ਲੋਕਾਂ ਵਿਚ ਖੁੱਡ ਚਰਚਾ ਸੀ ਕਿ ਸਿਹਤ ਵਿਭਾਗ ਕੁੰਭਕਰਨ ਦੀ ਨੀਂਦ ਕਿਉਂ ਸੌਂ ਰਿਹਾ ਹੈ। ਡੇਂਗੂ ਦੇ ਦੋ ਸ਼ੱਕੀ ਮਰੀਜ਼ਾਂ ਦੀ ਮੌਤ ਕਾਰਨ ਲੋਕਾਂ ਅੰਦਰ ਸਹਿਮ ਪਾਇਆ ਜਾ ਰਿਹਾ ਹੈ। ਇਸ ਸਹਿਮ ਅਤੇ ਬੇਚੈਨੀ ਨੂੰ ਦੂਰ ਕਰਨ ਲਈ ਨਸ਼ਾ ਰੋਕੂ ਕਮੇਟੀ ਸ਼ੇਰਪੁਰ - ਖੇੜੀ ਦੇ ਨੌਜਵਾਨ ਆਗੂਆਂ ਬਲਵਿੰਦਰ ਸਿੰਘ ਬਿੰਦਾ ਖੇੜੀ ਕਲਾਂ ਅਤੇ ਸੰਦੀਪ ਸਿੰਘ ਗੋਪੀ ਗਰੇਵਾਲ ਦੀ ਅਗਵਾਈ ਹੇਠ ਦੋ ਫੋਗਿੰਗ ਮਸ਼ੀਨਾਂ ਲਿਆ ਕੇ ਕਸਬਾ ਸ਼ੇਰਪੁਰ, ਪੱਤੀ ਖ਼ਲੀਲ ਅਤੇ ਖੇੜੀ ਕਲਾਂ ਵਿਚ ਸਵੇਰੇ ਤੇ ਸ਼ਾਮ ਨੂੰ ਸਪਰੇਅ ਕਰਨੀ ਸ਼ੁਰੂ ਕਰ ਦਿੱਤੀ ਹੈ। ਸਮਾਜ ਸੇਵਾ ਨੂੰ ਸਮਰਪਿਤ ਨਸ਼ਾ ਰੋਕੂ ਕਮੇਟੀ ਜਿਸ ਨੇ ਨਸ਼ੇ ਦੇ ਤਸਕਰਾਂ ਨੂੰ ਰੋਕਣ, ਚੋਰੀਆਂ ਨੂੰ ਠੱਲ੍ਹ ਪਾਉਣ, ਹੜ੍ਹਾਂ ਸਮੇਂ ਆਚਾਰ ਅਤੇ ਰਾਸ਼ਨ ਭੇਜਣ ਵਿਚ ਮਹਾਨ ਸੇਵਾਵਾਂ ਨਿਭਾਈਆਂ ਅਤੇ ਨਸ਼ੇੜੀ ਲੜਕਿਆਂ ਨੂੰ ਨਸ਼ਾ ਛੁਡਾਊ ਕੇਂਦਰਾਂ ਵਿਚ ਲਿਜਾ ਕੇ ਉਨ੍ਹਾਂ ਨੂੰ ਚੰਗੇ ਸ਼ਹਿਰੀ ਬਣਾਉਣ ਵਰਗੇ ਅਨਮੋਲ ਕਾਰਜ ਕਰਕੇ ਲੋਕਾਂ ਦੇ ਮਨਾਂ ਵਿਚ ਸਤਿਕਾਰਤ ਥਾਂ ਬਣਾਈ ਹੈ। ਹੁਣ ਇਸ ਕਮੇਟੀ ਦੇ ਨੌਜਵਾਨ ਕਈ ਦਿਨਾਂ ਤੋਂ ਲਗਾਤਾਰ ਬਿਮਾਰੀ ਨੂੰ ਠੱਲ੍ਹ ਪਾਉਣ ਲਈ ਫੌਗਿੰਗ ਮਸ਼ੀਨਾਂ ਨਾਲ ਸਪਰੇਅ ਕਰਕੇ ਨਵੇਂ ਕੀਰਤੀਮਾਨ ਸਥਾਪਿਤ ਕਰ ਰਹੇ ਹਨ। ਜਦੋਂ ਇਸ ਸਬੰਧੀ ਐਸ ਐਮ ਓ ਸ਼ੇਰਪੁਰ ਜਸਦੀਪ ਸਿੰਘ ਨਾਲ ਗੱਲ ਕੀਤੀ ਤਾਂ ਉਨ੍ਹਾਂ ਕਿਹਾ ਕਿ ਅਸੀਂ ਕਸਬਾ ਸ਼ੇਰਪੁਰ ਵੱਲ ਵਿਸ਼ੇਸ਼ ਧਿਆਨ ਦੇ ਰਹੇ ਹਾ ਅਤੇ ਟੈਸਟਇਗ ਕਿਟਾਂ ਮੰਗਵਾਉਣ ਲਈ ਲਿਖਿਆ ਹੈ ਤੇ ਕਸਬੇ ਸ਼ੇਰਪੁਰ ਅੰਦਰ ਫੋਗਿੰਗ ਕਰਵਾ ਰਹੇ ਹਾਂ।

ਡੇਂਗੂ ਤੋਂ ਬਚਾਅ ਲਈ ਫੋਗਿੰਗ ਕਰਦੇ ਹੋਏ ਨਸ਼ਾ ਰੋਕੂ ਕਮੇਟੀ ਖੇੜੀ - ਸ਼ੇਰਪੁਰ ਦੇ ਆਗੂ ਬਲਵਿੰਦਰ ਸਿੰਘ ਬਿੰਦਾ। ਤਸਵੀਰ : ਦਰਸ਼ਨ ਸਿੰਘ ਖੇੜੀ

ਜਸਵਿੰਦਰ ਯੋਗਾ ਸੈਂਟਰ ਮੂਨਕ ਵਿਚ ਮੈਡਲ ਜਿੱਤਣ ਤੇ ਬੱਚਿਆਂ ਦਾ ਸਨਮਾਨ ਕਰਦੇ ਹੋਏ ਸ਼ਹਿਰ ਦੇ ਪਤਵੰਤੇ। ਤਸਵੀਰ : ਪ੍ਰਵੀਨ ਮਦਾਨ

ਜਸਵਿੰਦਰ ਯੋਗਾ ਸੈਂਟਰ ਦੇ ਬੱਚਿਆਂ ਨੇ ਸੂਬਾ ਪੱਧਰੀ ਖੇਡਾਂ ਵਿਚ ਮਾਰੀਆਂ ਮੱਲਾਂ

ਮੂਨਕ,